**ਦਫ਼ਤਰ ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਲੋਕ ਨਿਰਮਾਣ ਵਿਭਾਗ ਭਵਨ ਤੇ ਮਾਰਗ ਸ਼ਾਖਾ, ਫ਼ਰੀਦਕੋਟ** Email: eepdfdtpwdpb@gmail.com

ਵੱਲ

ਪ੍ਰਿੰਸੀਪਲ,
ਅਕਾਲ ਅਕੈਡਮੀ ,
ਜੰਡ ਸਾਹਿਬ, ਫਰੀਦਕੋਟ।
ਨੰ: DB/ 5061

ਮਿਤੀ੦੫/੯/੨੦੨੫

ਵਿਸ਼ਾ: ਸਾਲ 2024-25 ਲਈ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਬਾਰੇ। (ਅਕਾਲ ਅਕੈਡਮੀ , ਜੰਡ ਸਾਹਿਬ, ਫਰੀਦਕੋਟ)

ਉਪਰੋਕਤ ਵਿਸ਼ੇ ਅੰਕਿਤ ਸਕੂਲ ਦੀ ਇਮਾਰਤ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2024-25 ਲੈਣ ਲਈ ਆਪ ਵੱਲੋਂ ਇਸ ਦਫ਼ਤਰ ਵਿਖੇ ਪ੍ਰਾਪਤ ਹੋਇਆ ਹੈ। ਆਪ ਦੇ ਸਕੂਲ ਦੀ ਬਿਲਡਿੰਗ ਦਾ ਉਪ ਮੰਡਲ ਇੰਜੀਨੀਅਰ ਦੇ ਦਫ਼ਤਰ ਵੱਲੋਂ ਵਿਜ਼ੂਅਲੀ ਇੰਸਪੈਕਸ਼ਨ ਕੀਤੀ ਗਈ ਅਤੇ ਉਨ੍ਹਾਂ ਦੀ ਰਿਪੋਰਟ/ਸਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣਾਂ ਅਤੇ ਸ਼ਰਤਾਂ ਅਧੀਨ ਸਾਲ 2024-25 ਦਾ ਸਕੂਲ ਬਿਲਡਿੰਗ ਸੇਫਟੀ ਮਿਤੀ 31-03-2025 ਤੱਕ ਜਾਰੀ ਕੀਤਾ ਜਾਂਦਾ ਹੈ:-

1. ਸਕੂਲ ਕੋਲ ਕਿਸੇ ਅਣਸੁਖਾਵੀਂ ਆਪਦਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿੱਚੋਂ ਸੁਰੱਖਿਅਤ ਬਾਹਰ ਕੱਢਣਾ ਅਤੇ ਸਬੰਧਿਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ ਤੇ ਸਮੀਖਿਆ ਅਤੇ ਅਪਡੇਟ ਕਰਦੇ ਰਹਿਣਾ ਚਾਹੀਦਾ ਹੈ।
2. ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਤਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਇਸ ਦਫ਼ਤਰ ਨੂੰ ਤਰੰਤ ਜਾਂਚ ਦਾ ਪ੍ਰਬੰਧ ਕੀਤੀ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸਦਾ ਸੇਫਟੀ ਸਰਟੀਫਿਕੇਟ ਇਸ ਦਫ਼ਤਰ ਪਾਸੋਂ ਫਿਰ ਤੋਂ ਲਿਆ ਜਾਵੇ।
3. ਜੇਕਰ ਬਿਲਡਿੰਗ ਦੀਆਂ ਕੰਧਾਂ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਜਾਂ ਕਿਸੇ ਹੋਰ ਕਾਰਨ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਇਸ ਦਫਤਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।
4. ਸਬੰਧਿਤ ਵਿਭਾਗ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਅਤੇ ਇਲੈੱਕਟ੍ਰੀਕਲ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।
5. ਸਕੂਲ ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜ਼ਿੰਮਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੋਂ ਬਿਲਡਿੰਗ ਦੀ ਸੁਰੱਖਿਆ ਲਈ ਜ਼ਿੰਮੇਵਾਰ ਹੈ।
6. ਨਿਰਮਾਣ ਆਰਕੀਟੈਕਟਸ (Engineers Group Civil & Structural Consultants ) ਵੱਲੋਂ ਮਿਤੀ 05.03.2023 ਨੂੰ ਸਟਰੱਕਚਰ ਸੁਰੱਖਿਆ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਉਹਨਾਂ ਦੇ ਸਰਟੀਫਿਕੇਟ ਅਨੁਸਾਰ ਸਕੂਲ ਸੈਸ਼ਨ 2024-25 ਲਈ ਵਰਤੋਂ ਲਈ ਸੁਰੱਖਿਅਤ ਹੈ, ਪਰੰਤੂ ਇਸ ਸਕੂਲ ਦਾ ਨਿਰਮਾਣ ਇਸ ਵਿਭਾਗ ਵੱਲੋਂ ਨਹੀਂ ਕੀਤਾ ਗਿਆ ਹੈ, ਇਸ ਲਈ ਇਸ ਵਿਭਾਗ ਦੁਆਰਾ ਸਕੂਲ ਦੀ ਸਟਰੱਕਚਰ ਸੇਫਟੀ ਖਾਸ ਕਰਕੇ ਭੂਚਾਲ ਦੇ ਦ੍ਰਿਸ਼ਟੀਕੋਣ ਤੋਂ ਯਕੀਨੀ ਨਹੀਂ ਬਣਾਈ ਜਾ ਸਕਦੀ ਹੈ।
7. ਸਕੂਲ ਨੂੰ ਸਟਾਫ ਮੈਂਬਰਾਂ ਨੂੰ ਉਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ,ਫਸਟ ਏਡ ਅਤੇ ਨਿਕਾਸੀ ਪ੍ਰੋਟੋਕੋਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਿਲ ਹਨ।
8. ਸਕੂਲ ਦੇ ਕਵਰਡ ਏਰੀਏ ਦੇ ਹਿਸਾਬ ਨਾਲ ਜੀ.ਆਰ. ਨੰਬਰ 6274917 ਮਿਤੀ 29.05.2023 ਰਾਹੀਂ ਚਾਲੀ ਹਜ਼ਾਰ ਰੁਪਏ (40,000/-) (ਸਾਲ 2023-27 ਤੱਕ ਦੀ ਫੀਸ) ਬਿਲਡਿੰਗ ਨਿਰੀਖਣ ਫੀਸ ਵੱਜੋਂ ਪ੍ਰਾਪਤ ਕੀਤੇ। ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 08.09.2024 ਤੱਕ ਵੈਲਿਡ ਹੈ ਅਤੇ ਸਕੂਲ ਪ੍ਰਬੰਧਨ ਸਮੇਂ ਸੀਮਾਂ ਅੰਦਰ ਫਾਇਰ ਸਰਟੀਫਿਕੇਟ ਰੀਨਿਊ ਕਰਵਾਉਣ ਲਈ ਜ਼ਿੰਮੇਵਾਰ ਹੋਵੇਗਾ।
9. ਇਸ ਪੱਤਰ/ਸਰਟੀਫਿਕੇਟ ਦਾ ਸਕੂਲ ਦੀ ਜਗ੍ਹਾ ਦੀ ਮਲਕੀਅਤ ਨਾਲ ਕੋਈ ਸਬੰਧ ਨਹੀਂ ਹੈ।
10. ਇਸ ਪੱਤਰ/ਸਰਟੀਫਿਕੇਟ ਦਾ ਸਕੂਲ ਦੇ ਪਲਾਟ ਏਰੀਏ ਦਾ ਕੋਈ ਸਬੰਧ ਨਹੀਂ ਹੈ।
11. ਇਸ ਮਨਜ਼ੂਰੀ ਦਾ ਸ਼ਡਿਊਲਡ ਰੋਡ ਐਕਟ ਨਾਲ ਕੋਈ ਸਬੰਧ ਨਹੀਂ ਹੈ।
12. ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਨਹੀਂ ਹੈ।
13. ਸਕੂਲ ਵੱਲੋਂ ਰੋਡ ਅਸੈਸ ਸਬੰਧੀ ਫੀਸ ਮਿਤੀ 26.05.2023 ਨੂੰ ਬਾਬਤ ਰਕਮ 1,50,000 ਰੁਪਏ ਪੀ.ਆਰ.ਡੀ.ਬੀ. ਨੂੰ ਜਮ੍ਹਾਂ ਕਰਵਾਈ ਗਈ ਹੈ।

ਨੱਥੀ/ਸਰਟੀਫਿਕੇਟ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭਤੇਮ ਸ਼ਾਖਾ,
ਫਰੀਦਕੋਟ।
ਮਿਤੀ:

ਪਿੱਠ ਅੰਕਣ ਨੰ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਭ ਤੇ ਮ ਸ਼ਾਖਾ, ਫਰੀਦਕੋਟ ਨੂੰ ਉਨ੍ਹਾਂ ਦੇ ਪੱਤਰ ਨੰਬਰ 464 ਮਿਤੀ 02.09.2024 ਦੇ ਹਵਾਲੇ ਵਿੱਚ ਸੂਚਨਾ ਹਿਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭਤੇਮ ਸ਼ਾਖਾ,
ਫਰੀਦਕੋਟ।

**PROFORMA FOR SAFETY OF SCHOOL BUILDING**

PART-1

(To be filled by the head of School/Institute)

Name: ...........
House: .....
Father's

1. Name of the School :Akal Academy Jand Sahib
2. Location : VPO: Jand Sahib Sadiq jand Sahib Road
3. Plot Area : 22560.61 Sq.m =242752.16sq.Ft
4. Plinth Area :4403.5 Sq.m =47381.66 Sq.Ft
5. Number of Storey : Three
6. Year of construction of Building :1998
7. **If the building has been constructed under the Supervision of the Qualified engineer, the Following details may be given**
   a) Name of the Engineer with qualification :Er Sanjeev Dua (B.E.Civil
   b) Address of Engineer : 5A, Vijaynagar New Delhi-110009
   c) Set of Structural Drawings used in the construction, If available : Yes
   d) Name & address of Architect with qualification : Ar. Jagvinder Kaur (A.I.I.A.CA/2017/81813) F-377 Phase 8B
8. **Whether the building has been constructed for purpose**
   a) School : YES/NO
   b) Residential purpose and converted for use as a school : YES/NO
9. **Material used for roofs**
   a) R.C.C. Slabs/R.B.C. Slabs : YES/NO
   b) R.S. Joist &Battons : YES/NO
   c) Wooden joists &Battons : YES/NO
10. **Material used for walls**
   a) Mud Mortar : YES/NO
   b) Cement Mortar : YES/NO
   c) Lime Mortar : YES/NO
11. **Flooring**
   a) Conglomerate : YES/NO
   b) Terrazzo : YES/NO
   c) Brick Paving : YES/NO
12. **A detailed drawing indicating dimensions of the rooms along with Size and location of doors and windows (Attached)** Yes/no
13. **FOR FIRE SAFETY**
   a) Whether the width of the staircase is mtrs. : YES/NO
   b) Whether portable fire extinguisher exists : YES/NO
   c) Whether school building is free from inflammable & toxic Material : YES/NO
   d) Whether cooking of food is done at a safe place : YES/NO
   e) Whether any thatch of combustible material has been used : YES/NO
14. **Requirement for Fire Protection Arrangements under NBC Part IV**
   (for building height less than 15 metre)
   a) Whether hose real provided :YES/NO
   b) Whether down comer provided :YES/NO